ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)

ਟੈਲੀਫੋਨ ਨੰ : 0172-2226328 Email id: pwdmohali@gmail.com & ee.pd.moh.pwd@punjab.gov.in

ਵੱਲ

The Principal,
RRudra International School,
Block E, Aerocity, S Mohali

ਨੰਬਰ 2412 ਮਿਤੀ 21-3-24

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ ਲੈਣ ਸਬੰਧੀ।**

ਹਵਾਲਾ:- **ਆਪ ਦਾ ਪੱਤਰ ਨੰ.** RRRS/off/004 **ਮਿਤੀ** 21.02.2024

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨਅਰ, **ਉਸਾਰੀ** ਉਪ ਮੰਡਲ ਨੰਬਰ 1, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ Seems to be Good ਪਾਈ ਗਈ । ਇਸ ਬਾਬਤ ਇਸਪੈਕਸ਼ਨ ਫੀਸ ਰੁਪਏ 20,000/-, ਜੀ.ਆਰ.ਨੰ 4300119 ਮਿਤੀ 14.03.2024 ਰਾਹੀਂ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ 31.03.2025 ਤੱਕ ਹੇਠ ਲਿਖਿਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1 ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁਖੀ ਵੱਲੋਂ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਜਿਆ ਜਾਵੇ।

2 ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫ਼ਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਨ੍ਹਾਂ ਦੇ ਨੰ. **NOC no 2004**-86245-**Fire**/64732 ਮਿਤੀ **11.03.2024** ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਉਕਤ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ. ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

5 ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਸਮਝਿਆ ਜਾਵੇ।

6 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।

ਪਿੱਠ ਅੰਕਣ ਨੰ. **ਮਿਤੀ**

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰਬਰ 1, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਹਨਾ ਦੇ ਪੱਤਰ ਨੰਬਰ 84 ਮਿਤੀ 15.03.2024 ਦੇ ਹਵਾਲੇ ਸਬੰਧੀ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।